# ਬਾਵਨ ਅਖਰੀ

ੴ ਸਤਿਗੁਰ ਪ੍ਰਸਾਦਿ॥

ਗਉੜੀ ਬਾਵਨ ਅਖਰੀ ਮਹਲਾ ੫॥

ਸਲੋਕੁ॥ ਗੁਰਦੇਵ ਮਾਤਾ ਗੁਰਦੇਵ ਪਿਤਾ ਗੁਰਦੇਵ ਸੁਆਮੀ ਪਰਮੇਸੁਰਾ॥ ਗੁਰਦੇਵ ਸਖਾ ਅਗਿਆਨ ਭੰਜਨੁ ਗੁਰਦੇਵ ਬੰਧਿਪ ਸਹੋਦਰਾ॥ ਗੁਰਦੇਵ ਦਾਤਾ ਹਰਿ ਨਾਮੁ ਉਪਦੇਸੈ ਗੁਰਦੇਵ ਮੰਤੁ ਨਿਰੋਧਰਾ॥ ਗੁਰਦੇਵ ਸਾਂਤਿ ਸਤਿ ਬੁਧਿ ਮੂਰਤਿ ਗੁਰਦੇਵ ਪਾਰਸ ਪਰਸ ਪਰਾ॥ ਗੁਰਦੇਵ ਤੀਰਥੁ ਅੰਮ੍ਰਿਤ ਸਰੋਵਰੁ ਗੁਰ ਗਿਆਨ ਮਜਨੁ ਅਪਰੰਪਰਾ॥ ਗੁਰਦੇਵ ਕਰਤਾ ਸਭਿ ਪਾਪ ਹਰਤਾ ਗੁਰਦੇਵ ਪਤਿਤ ਪਵਿਤ ਕਰਾ॥ ਗੁਰਦੇਵ ਆਦਿ ਜੁਗਾਦਿ ਜੁਗੁ ਜੁਗੁ

ਗੁਰਦੇਵ ਮੰਤੁ ਹਰਿ ਜਪਿ ਉਧਰਾ ॥ ਗੁਰਦੇਵ ਸੰਗਤਿ ਪ੍ਰਭ ਮੇਲਿ ਕਰਿ ਕਿਰਪਾ ਹਮ ਮੂੜ ਪਾਪੀ ਜਿਤੁ ਲਗਿ ਤਰਾ ॥ ਗੁਰਦੇਵ ਸਤਿਗੁਰੁ ਪਾਰਬ੍ਰਹਮੁ ਪਰਮੇਸਰੁ ਗੁਰਦੇਵ ਨਾਨਕ ਹਰਿ ਨਮਸਕਰਾ ॥ ੧ ॥ ਸਲੋਕੁ ॥ ਆਪਹਿ ਕੀਆ ਕਰਾਇਆ ਆਪਹਿ ਕਰਨੈ ਜੋਗੁ ॥ ਨਾਨਕ ਏਕੋ ਰਵਿ ਰਹਿਆ ਦੂਸਰ ਹੋਆ ਨ ਹੋਗੁ ॥ ੧ ॥ ਪਉੜੀ ॥ ਓਅੰ ਸਾਧ ਸਤਿਗੁਰ ਨਮਸਕਾਰੰ ॥ ਆਦਿ ਮਧਿ ਅੰਤਿ ਨਿਰੰਕਾਰੰ ॥ ਆਪਹਿ ਸੁੰਨ ਆਪਹਿ ਸੁਖ ਆਸਨ ॥ ਆਪਹਿ ਸੁਨਤ ਆਪ ਹੀ ਜਾਸਨ ॥ ਆਪਨਿ ਆਪੁ ਆਪਹਿ ਉਪਾਇਓ ॥ ਆਪਹਿ ਬਾਪ ਆਪ ਹੀ ਮਾਇਓ ॥ ਆਪਹਿ ਸੂਖਮ ਆਪਹਿ ਅਸਥੂਲਾ ॥ ਲਖੀ ਨ ਜਾਈ ਨਾਨਕ ਲੀਲ੍ਹਾ ॥ ੧ ॥ ਕਰਿ ਕਿਰਪਾ ਪ੍ਰਭ ਦੀਨ ਦਇਆਲਾ ॥ ਤੇਰੇ ਸੰਤਨ ਕੀ ਮਨੁ ਹੋਇ ਰਵਾਲਾ ॥ ਰਹਾਉ ॥ ਸਲੋਕੁ ॥ ਨਿਰੰਕਾਰ ਆਕਾਰ ਆਪਿ ਨਿਰਗੁਨ ਸਰਗੁਨ ਏਕ ॥ ਏਕਹਿ

ਏਕ ਬਖਾਨਨੋ ਨਾਨਕ ਏਕ ਅਨੇਕ॥ ੧॥ ਪਉੜੀ॥ ਓਅੰ ਗੁਰਮੁਖਿ ਕੀਓ ਅਕਾਰਾ॥ ਏਕਹਿ ਸੂਤਿ ਪਰੋਵਨਹਾਰਾ॥ ਭਿੰਨ ਭਿੰਨ ਤ੍ਰੈ ਗੁਣ ਬਿਸਥਾਰੰ॥ ਨਿਰਗੁਨ ਤੇ ਸਰਗੁਨ ਦ੍ਰਿਸਟਾਰੰ॥ ਸਗਲ ਭਾਤਿ ਕਰਿ ਕਰਹਿ ਉਪਾਇਓ॥ ਜਨਮ ਮਰਨ ਮਨ ਮੋਹੁ ਬਢਾਇਓ॥ ਦੁਹੂ ਭਾਤਿ ਤੇ ਆਪਿ ਨਿਰਾਰਾ॥ ਨਾਨਕ ਅੰਤੁ ਨ ਪਾਰਾਵਾਰਾ॥ ੨॥ ਸਲੋਕੁ॥ ਸੇਈ ਸਾਹ ਭਗਵੰਤ ਸੇ ਸਚੁ ਸੰਪੈ ਹਰਿ ਰਾਸਿ॥ ਨਾਨਕ ਸਚੁ ਸੁਚਿ ਪਾਈਐ ਤਿਹ ਸੰਤਨ ਕੈ ਪਾਸਿ॥ ੧॥ ਪਵੜੀ॥ ਸਸਾ ਸਤਿ ਸਤਿ ਸਤਿ ਸੋਊ॥ ਸਤਿ ਪੁਰਖ ਤੇ ਭਿੰਨ ਨ ਕੋਊ॥ ਸੋਊ ਸਰਨਿ ਪਰੈ ਜਿਹ ਪਾਯੰ॥ ਸਿਮਰਿ ਸਿਮਰਿ ਗੁਨ ਗਾਇ ਸੁਨਾਯੰ॥ ਸੰਸੈ ਭਰਮੁ ਨਹੀ ਕਛੁ ਬਿਆਪਤ॥ ਪ੍ਰਗਟ ਪ੍ਰਤਾਪੁ ਤਾਹੂ ਕੋ ਜਾਪਤ॥ ਸੋ ਸਾਧੂ ਇਹ ਪਹੁਚਨਹਾਰਾ॥ ਨਾਨਕ ਤਾ ਕੈ ਸਦ ਬਲਿਹਾਰਾ॥ ੩॥ ਸਲੋਕੁ॥ ਧਨੁ ਧਨੁ ਕਹਾ ਪੁਕਾਰਤੇ

ਮਾਇਆ ਮੋਹ ਸਭ ਕੂਰ॥ ਨਾਮ ਬਿਹੂਨੇ ਨਾਨਕਾ ਹੋਤ ਜਾਤ ਸਭੁ ਧੂਰ॥ ੧॥
ਪਵੜੀ॥ ਧਧਾ ਧੂਰਿ ਪੁਨੀਤ ਤੇਰੇ ਜਨੂਆ॥ ਧਨਿ ਤੇਊ ਜਿਹ ਰੁਚ ਇਆ
ਮਨੂਆ॥ ਧਨੁ ਨਹੀ ਬਾਛਹਿ ਸੁਰਗ ਨ ਆਛਹਿ॥ ਅਤਿ ਪ੍ਰਿਅ ਪ੍ਰੀਤਿ ਸਾਧ
ਰਜ ਰਾਚਹਿ॥ ਧੰਧੇ ਕਹਾ ਬਿਆਪਹਿ ਤਾਹੂ॥ ਜੋ ਏਕ ਛਾਡਿ ਅਨ ਕਤਹਿ ਨ
ਜਾਹੂ॥ ਜਾ ਕੈ ਹੀਐ ਦੀਓ ਪ੍ਰਭ ਨਾਮ॥ ਨਾਨਕ ਸਾਧਪੂਰਨ ਭਗਵਾਨ॥ ੪॥
ਸਲੋਕ॥ ਅਨਿਕ ਭੇਖ ਅਰੁ ਙਿਆਨ ਧਿਆਨ ਮਨਹਠਿ ਮਿਲਿਅਉ ਨ ਕੋਇ॥
ਕਹੁ ਨਾਨਕ ਕਿਰਪਾ ਭਈ ਭਗਤੁ ਙਿਆਨੀ ਸੋਇ॥ ੧॥ ਪਉੜੀ॥ ਙੰਙਾ
ਙਿਆਨੁ ਨਹੀ ਮੁਖ ਬਾਤਉ॥ ਅਨਿਕ ਜੁਗਤਿ ਸਾਸਤ੍ਰ ਕਰਿ ਭਾਤਉ॥
ਙਿਆਨੀ ਸੋਇ ਜਾ ਕੈ ਦ੍ਰਿੜ ਸੋਊ॥ ਕਹਤ ਸੁਨਤ ਕਛੁ ਜੋਗੁ ਨ ਹੋਊ॥
ਙਿਆਨੀ ਰਹਤ ਆਗਿਆਦ੍ਰਿੜੁ ਜਾ ਕੈ॥ ਉਸਨ ਸੀਤ ਸਮਸਰਿ ਸਭ ਤਾ ਕੈ॥

ਗਿਆਨੀ ਤਤੁ ਗੁਰਮੁਖਿ ਬੀਚਾਰੀ॥ ਨਾਨਕ ਜਾ ਕਉ ਕਿਰਪਾ ਧਾਰੀ॥ ੫॥
ਸਲੋਕੁ॥ ਆਵਨ ਆਏ ਸ੍ਰਿਸਟਿ ਮਹਿ ਬਿਨੁ ਬੂਝੇ ਪਸੁ ਢੋਰ॥ ਨਾਨਕ ਗੁਰਮੁਖਿ ਸੋ ਬੁਝੈ ਜਾ ਕੈ ਭਾਗ ਮਥੋਰ॥ ੧॥ ਪਉੜੀ॥ ਯਾ ਜੁਗ ਮਹਿ ਏਕਹਿ ਕਉ ਆਇਆ॥ ਜਨਮਤ ਮੋਹਿਓ ਮੋਹਨੀ ਮਾਇਆ॥ ਗਰਭ ਕੁੰਟ ਮਹਿ ਉਰਧ ਤਪ ਕਰਤੇ॥ ਸਾਸਿ ਸਾਸਿ ਸਿਮਰਤ ਪ੍ਰਭੁ ਰਹਤੇ॥ ਉਰਝਿ ਪਰੇ ਜੋ ਛੋਡਿ ਛਡਾਨਾ॥ ਦੇਵਨਹਾਰੁ ਮਨਹਿ ਬਿਸਰਾਨਾ॥ ਧਾਰਹੁ ਕਿਰਪਾ ਜਿਸਹਿ ਗੁਸਾਈ॥ ਇਤ ਉਤ ਨਾਨਕ ਤਿਸੁ ਬਿਸਰਹੁ ਨਾਹੀ॥ ੬॥ ਸਲੋਕੁ॥ ਆਵਤ ਹੁਕਮਿ ਬਿਨਾਸ ਹੁਕਮਿ ਆਗਿਆ ਭਿੰਨ ਨ ਕੋਇ॥ ਆਵਨ ਜਾਨਾ ਤਿਹ ਮਿਟੈ ਨਾਨਕ ਜਿਹ ਮਨਿ ਸੋਇ॥ ੧॥ ਪਉੜੀ॥ ਏਊ ਜੀਅ ਬਹੁਤੁ ਗ੍ਰਭ ਵਾਸੇ॥ ਮੋਹ ਮਗਨ ਮੀਠ ਜੋਨਿ ਫਾਸੇ॥ ਇਨਿ ਮਾਇਆ ਤ੍ਰੈ ਗੁਣ ਬਸਿ ਕੀਨੇ॥ ਆਪਨ ਮੋਹ ਘਟੇ ਘਟਿ ਦੀਨੇ॥

ਏ ਸਾਜਨ ਕਛੁ ਕਹਹੁ ਉਪਾਇਆ॥ ਜਾ ਤੇ ਤਰਉ ਬਿਖਮ ਇਹ ਮਾਇਆ॥
ਕਰਿ ਕਿਰਪਾ ਸਤਸੰਗਿ ਮਿਲਾਏ॥ ਨਾਨਕ ਤਾ ਕੈ ਨਿਕਟਿ ਨ ਮਾਏ॥ ੭॥
ਸਲੋਕੁ॥ ਕਿਰਤ ਕਮਾਵਨ ਸੁਭ ਅਸੁਭ ਕੀਨੇ ਤਿਨਿ ਪ੍ਰਭਿ ਆਪਿ॥ ਪਸੁ
ਆਪਨ ਹਉ ਹਉ ਕਰੈ ਨਾਨਕ ਬਿਨੁ ਹਰਿ ਕਹਾ ਕਮਾਤਿ॥੧॥
ਪਉੜੀ॥ ਏਕਹਿ ਆਪਿ ਕਰਾਵਨਹਾਰਾ॥ ਆਪਹਿ ਪਾਪ ਪੁੰਨ ਬਿਸਥਾਰਾ॥
ਇਆ ਜੁਗ ਜਿਤੁ ਜਿਤੁ ਆਪਹਿ ਲਾਇਓ॥ ਸੋ ਸੋ ਪਾਇਓ ਜੁ ਆਪਿ
ਦਿਵਾਇਓ॥ ਉਆ ਕਾ ਅੰਤੁ ਨ ਜਾਨੈ ਕੋਊ॥ ਜੋ ਜੋ ਕਰੈ ਸੋਊ ਫੁਨਿ ਹੋਊ॥
ਏਕਹਿ ਤੇ ਸਗਲਾ ਬਿਸਥਾਰਾ॥ ਨਾਨਕ ਆਪਿ ਸਵਾਰਨਹਾਰਾ॥ ੮॥ ਸਲੋਕੁ॥
ਰਾਚਿ ਰਹੇ ਬਨਿਤਾ ਬਿਨੋਦ ਕੁਸਮ ਰੰਗ ਬਿਖ ਸੋਰ॥ ਨਾਨਕ ਤਿਹ ਸਰਨੀ ਪਰਉ
ਬਿਨਸਿ ਜਾਇ ਮੈ ਮੋਰ॥ ੧॥ ਪਉੜੀ॥ ਰੇ ਮਨ ਬਿਨੁ ਹਰਿ ਜਹ ਰਚਹੁ ਤਹ ਤਹ

ਬੰਧਨ ਪਾਹਿ॥ ਜਿਹ ਬਿਧਿ ਕਤਹੂ ਨ ਛੂਟੀਐ ਸਾਕਤ ਤੇਊ ਕਮਾਹਿ॥ ਹਉ ਹਉ ਕਰਤੇ ਕਰਮ ਰਤ ਤਾ ਕੋ ਭਾਰੁ ਅਫਾਰ॥ ਪ੍ਰੀਤਿ ਨਹੀ ਜਉ ਨਾਮ ਸਿਉ ਤਉ ਏਊ ਕਰਮ ਬਿਕਾਰ॥ ਬਾਧੇ ਜਮ ਕੀ ਜੇਵਰੀ ਮੀਠੀ ਮਾਇਆ ਰੰਗ॥ ਭ੍ਰਮ ਕੇ ਮੋਹੇ ਨਹ ਬੁਝਹਿ ਸੋ ਪ੍ਰਭੁ ਸਦਹੂ ਸੰਗ॥ ਲੇਖੈ ਗਣਤ ਨ ਛੂਟੀਐ ਕਾਚੀ ਭੀਤਿ ਨ ਸੁਧਿ॥ ਜਿਸਹਿ ਬੁਝਾਏ ਨਾਨਕਾ ਤਿਹ ਗੁਰਮੁਖਿ ਨਿਰਮਲ ਬੁਧਿ॥ ੯॥ ਸਲੋਕੁ॥ ਟੂਟੇ ਬੰਧਨ ਜਾਸੁ ਕੇ ਹੋਆ ਸਾਧੂ ਸੰਗੁ॥ ਜੋ ਰਾਤੇ ਰੰਗ ਏਕ ਕੈ ਨਾਨਕ ਗੂੜਾ ਰੰਗੁ॥ ੧॥ ਪਉੜੀ॥ ਰਾਰਾ ਰੰਗਹੁ ਇਆ ਮਨੁ ਅਪਨਾ॥ ਹਰਿ ਹਰਿ ਨਾਮੁ ਜਪਹੁ ਜਪੁ ਰਸਨਾ॥ ਰੇ ਰੇ ਦਰਗਹ ਕਹੈ ਨ ਕੋਊ॥ ਆਉ ਬੈਠੁ ਆਦਰੁ ਸੁਭ ਦੇਊ॥ ਉਆ ਮਹਲੀ ਪਾਵਹਿ ਤੂ ਬਾਸਾ॥ ਜਨਮ ਮਰਨ ਨਹ ਹੋਇ ਬਿਨਾਸਾ॥ ਮਸਤਕਿ ਕਰਮੁ ਲਿਖਿਓ ਧੁਰਿ ਜਾ ਕੈ॥ ਹਰਿ ਸੰਪੈ ਨਾਨਕ ਘਰਿ ਤਾ ਕੈ॥ ੧੦॥

ਸਲੋਕੁ ॥ ਲਾਲਚ ਝੂਠ ਬਿਕਾਰ ਮੋਹ ਬਿਆਪਤ ਮੂੜੇ ਅੰਧ ॥ ਲਾਗਿ ਪਰੇ ਦੁਰਗੰਧ ਸਿਉ ਨਾਨਕ ਮਾਇਆ ਬੰਧ ॥ ੧ ॥ ਪਉੜੀ ॥ ਲਲਾ ਲਪਟਿ ਬਿਖੈ ਰਸ ਰਾਤੇ ॥ ਅਹੰਬੁਧਿ ਮਾਇਆ ਮਦ ਮਾਤੇ ॥ ਇਆ ਮਾਇਆ ਮਹਿ ਜਨਮਹਿ ਮਰਨਾ ॥ ਜਿਉ ਜਿਉ ਹੁਕਮੁ ਤਿਵੈ ਤਿਉ ਕਰਨਾ ॥ ਕੋਊ ਊਨ ਨ ਕੋਊ ਪੂਰਾ ॥ ਕੋਊ ਸੁਘਰੁ ਨ ਕੋਊ ਮੂਰਾ ॥ ਜਿਤੁ ਜਿਤੁ ਲਾਵਹੁ ਤਿਤੁ ਤਿਤੁ ਲਗਨਾ ॥ ਨਾਨਕ ਠਾਕੁਰ ਸਦਾ ਅਲਿਪਨਾ ॥ ੧੧ ॥ ਸਲੋਕੁ ॥ ਲਾਲ ਗੁਪਾਲ ਗੋਬਿੰਦ ਪ੍ਰਭ ਗਹਿਰ ਗੰਭੀਰ ਅਥਾਹ ॥ ਦੂਸਰ ਨਾਹੀ ਅਵਰ ਕੋ ਨਾਨਕ ਬੇਪਰਵਾਹ ॥ ੧ ॥ ਪਉੜੀ ॥ ਲਲਾ ਤਾ ਕੈ ਲਵੈ ਨ ਕੋਊ ॥ ਏਕਹਿ ਆਪਿ ਅਵਰ ਨਹ ਹੋਊ ॥ ਹੋਵਨਹਾਰੁ ਹੋਤ ਸਦ ਆਇਆ ॥ ਉਆ ਕਾ ਅੰਤੁ ਨ ਕਾਹੂ ਪਾਇਆ ॥ ਕੀਟ ਹਸਤਿ ਮਹਿ ਪੂਰ ਸਮਾਨੇ ॥ ਪ੍ਰਗਟ ਪੁਰਖ ਸਭ ਠਾਊ ਜਾਨੇ ॥ ਜਾ ਕਉ ਦੀਨੋ ਹਰਿ ਰਸੁ ਅਪਨਾ ॥

ਨਾਨਕ ਗੁਰਮੁਖਿ ਹਰਿ ਹਰਿ ਤਿਹ ਜਪਨਾ॥ ੧੨॥ ਸਲੋਕੁ॥ ਆਤਮ ਰਸੁ ਜਿਹ
ਜਾਨਿਆ ਹਰਿ ਰੰਗ ਸਹਜੇ ਮਾਣੁ॥ ਨਾਨਕ ਧਨਿ ਧਨਿ ਧੰਨਿ ਜਨ ਆਏ ਤੇ
ਪਰਵਾਣੁ॥ ੧॥ ਪਉੜੀ॥ ਆਇਆ ਸਫਲ ਤਾਹੂ ਕੋ ਗਨੀਐ॥ ਜਾਸੁ ਰਸਨ
ਹਰਿ ਹਰਿ ਜਸੁ ਭਨੀਐ॥ ਆਇ ਬਸਹਿ ਸਾਧੂ ਕੈ ਸੰਗੇ॥ ਅਨਦਿਨੁ ਨਾਮੁ
ਧਿਆਵਹਿ ਰੰਗੇ॥ ਆਵਤ ਸੋ ਜਨੁ ਨਾਮਹਿ ਰਾਤਾ॥ ਜਾ ਕਉ ਦਇਆ
ਮਇਆ ਬਿਧਾਤਾ॥ ਏਕਹਿ ਆਵਨ ਫਿਰਿ ਜੋਨਿ ਨ ਆਇਆ॥ ਨਾਨਕ ਹਰਿ
ਕੈ ਦਰਸਿ ਸਮਾਇਆ॥ ੧੩॥ ਸਲੋਕੁ॥ ਯਾਸੁ ਜਪਤ ਮਨਿ ਹੋਇ ਅਨੰਦੁ ਬਿਨਸੈ
ਦੂਜਾ ਭਾਉ॥ ਦੂਖ ਦਰਦ ਤ੍ਰਿਸਨਾ ਬੁਝੈ ਨਾਨਕ ਨਾਮਿ ਸਮਾਉ॥ ੧॥ ਪਉੜੀ॥
ਯਯਾ ਜਾਰਉ ਦੁਰਮਤਿ ਦੋਊ॥ ਤਿਸਹਿ ਤਿਆਗਿ ਸੁਖ ਸਹਜੇ ਸੋਊ॥ ਯਯਾ
ਜਾਇ ਪਰਹੁ ਸੰਤ ਸਰਨਾ॥ ਜਿਹ ਆਸਰ ਇਆ ਭਵਜਲੁ ਤਰਨਾ॥ ਯਯਾ

ਜਨਮਿ ਨ ਆਵੈ ਸੋਊ ॥ ਏਕ ਨਾਮ ਲੇ ਮਨਹਿ ਪਰੋਊ ॥ ਯਯਾ ਜਨਮੁ ਨ ਹਾਰੀਐ ਗੁਰ ਪੂਰੇ ਕੀ ਟੇਕ ॥ ਨਾਨਕ ਤਿਹ ਸੁਖੁ ਪਾਇਆ ਜਾ ਕੈ ਹੀਅਰੈ ਏਕ ॥ ੧੪ ॥ ਸਲੋਕੁ ॥ ਅੰਤਰਿ ਮਨ ਤਨ ਬਸਿ ਰਹੇ ਈਤ ਊਤ ਕੇ ਮੀਤ ॥ ਗੁਰਿ ਪੂਰੈ ਉਪਦੇਸਿਆ ਨਾਨਕ ਜਪੀਐ ਨੀਤ ॥ ੧ ॥ ਪਉੜੀ ॥ ਅਨਦਿਨੁ ਸਿਮਰਹੁ ਤਾਸੁ ਕਉ ਜੋ ਅੰਤਿ ਸਹਾਈ ਹੋਇ ॥ ਇਹ ਬਿਖਿਆ ਦਿਨ ਚਾਰਿ ਛਿਅ ਛਾਡਿ ਚਲਿਓ ਸਭੁ ਕੋਇ ॥ ਕਾ ਕੋ ਮਾਤ ਪਿਤਾ ਸੁਤ ਧੀਆ ॥ ਗ੍ਰਿਹ ਬਨਿਤਾ ਕਛੁ ਸੰਗਿ ਨ ਲੀਆ ॥ ਐਸੀ ਸੰਚਿ ਜੁ ਬਿਨਸਤ ਨਾਹੀ ॥ ਪਤਿ ਸੇਤੀ ਅਪੁਨੈ ਘਰਿ ਜਾਹੀ ॥ ਸਾਧਸੰਗਿ ਕਲਿ ਕੀਰਤਨੁ ਗਾਇਆ ॥ ਨਾਨਕ ਤੇ ਤੇ ਬਹੁਰਿ ਨ ਆਇਆ ॥ ੧੫ ॥ ਸਲੋਕੁ ॥ ਅਤਿ ਸੁੰਦਰ ਕੁਲੀਨ ਚਤੁਰ ਮੁਖਿ ਙਿਆਨੀ ਧਨਵੰਤ ॥ ਮਿਰਤਕ ਕਹੀਅਹਿ ਨਾਨਕਾ ਜਿਹ ਪ੍ਰੀਤਿ ਨਹੀ ਭਗਵੰਤ ॥ ੧ ॥

ਪਉੜੀ ॥ ਙੰਙਾ ਖਟੁ ਸਾਸਤ੍ਰ ਹੋਇ ਙਿਆਤਾ ॥ ਪੂਰਕੁ ਕੁੰਭਕ ਰੇਚਕ ਕਰਮਾਤਾ ॥ ਙਿਆਨ ਧਿਆਨ ਤੀਰਥ ਇਸਨਾਨੀ ॥ ਸੋਮਪਾਕ ਅਪਰਸ ਉਦਿਆਨੀ ॥ ਰਾਮ ਨਾਮ ਸੰਗਿ ਮਨਿ ਨਹੀ ਹੇਤਾ ॥ ਜੋ ਕਛੁ ਕੀਨੋ ਸੋਊ ਅਨੇਤਾ ॥ ਉਆ ਤੇ ਊਤਮੁ ਗਨਉ ਚੰਡਾਲਾ ॥ ਨਾਨਕ ਜਿਹ ਮਨਿ ਬਸਹਿ ਗੁਪਾਲਾ ॥ ੧੬ ॥ ਸਲੋਕੁ ॥ ਕੁੰਟ ਚਾਰਿ ਦਹ ਦਿਸਿ ਭ੍ਰਮੇ ਕਰਮ ਕਿਰਤਿ ਕੀ ਰੇਖ ॥ ਸੂਖ ਦੂਖ ਮੁਕਤਿ ਜੋਨਿ ਨਾਨਕ ਲਿਖਿਓ ਲੇਖ ॥ ੧ ॥ ਪਵੜੀ ॥ ਕਕਾ ਕਾਰਨ ਕਰਤਾ ਸੋਊ ॥ ਲਿਖਿਓ ਲੇਖੁ ਨ ਮੇਟਤ ਕੋਊ ॥ ਨਹੀ ਹੋਤ ਕਛੁ ਦੋਊ ਬਾਰਾ ॥ ਕਰਨੈਹਾਰੁ ਨ ਭੂਲਨਹਾਰਾ ॥ ਕਾਹੂ ਪੰਥੁ ਦਿਖਾਰੈ ਆਪੈ ॥ ਕਾਹੂ ਉਦਿਆਨ ਭ੍ਰਮਤ ਪਛੁਤਾਪੈ ॥ ਆਪਨ ਖੇਲੁ ਆਪ ਹੀ ਕੀਨੋ ॥ ਜੋ ਜੋ ਦੀਨੋ ਸੁ ਨਾਨਕ ਲੀਨੋ ॥ ੧੭ ॥ ਸਲੋਕੁ ॥ ਖਾਤ ਖਰਚਤ ਬਿਲਛਤ ਰਹੇ ਟੂਟਿ ਨ ਜਾਹਿ ਭੰਡਾਰ ॥ ਹਰਿ ਹਰਿ

ਜਪਤ ਅਨੇਕ ਜਨ ਨਾਨਕ ਨਾਹਿ ਸੁਮਾਰ॥ ੧॥ ਪਉੜੀ॥ ਖਖਾ ਖੂਨਾ ਕਛੁ ਨਹੀ ਤਿਸੁ ਸਮ੍ਰਥ ਕੈ ਪਾਹਿ॥ ਜੋ ਦੇਨਾ ਸੋ ਦੇ ਰਹਿਓ ਭਾਵੈ ਤਹ ਤਹ ਜਾਹਿ॥ ਖਰਚੁ ਖਜਾਨਾ ਨਾਮ ਧਨੁ ਇਆ ਭਗਤਨ ਕੀ ਰਾਸਿ॥ ਖਿਮਾ ਗਰੀਬੀ ਅਨਦ ਸਹਜ ਜਪਤ ਰਹਹਿ ਗੁਣਤਾਸ॥ ਖੇਲਹਿ ਬਿਗਸਹਿ ਅਨਦ ਸਿਉ ਜਾ ਕਉ ਹੋਤ ਕ੍ਰਿਪਾਲ॥ ਸਦੀਵ ਗਨੀਵ ਸੁਹਾਵਨੇ ਰਾਮ ਨਾਮ ਗ੍ਰਿਹਿ ਮਾਲ॥ ਖੇਦੁ ਨ ਦੂਖੁ ਨ ਡਾਨੁ ਤਿਹ ਜਾ ਕਉ ਨਦਰਿ ਕਰੀ॥ ਨਾਨਕ ਜੋ ਪ੍ਰਭ ਭਾਣਿਆ ਪੂਰੀ ਤਿਨਾ ਪਰੀ॥ ੧੮॥ ਸਲੋਕੁ॥ ਗਨਿ ਮਿਨਿ ਦੇਖਹੁ ਮਨੈ ਮਾਹਿ ਸਰਪਰ ਚਲਨੋ ਲੋਗ॥ ਆਸ ਅਨਿਤ ਗੁਰਮੁਖਿ ਮਿਟੈ ਨਾਨਕ ਨਾਮ ਅਰੋਗ॥ ੧॥ ਪਉੜੀ॥ ਗਗਾ ਗੋਬਿਦ ਗੁਣ ਰਵਹੁ ਸਾਸਿ ਸਾਸਿ ਜਪਿ ਨੀਤ॥ ਕਹਾ ਬਿਸਾਸਾ ਦੇਹ ਕਾ ਬਿਲਮ ਨ ਕਰਿਹੋ ਮੀਤ॥ ਨਹ ਬਾਰਿਕ ਨਹ ਜੋਬਨੈ ਨਹ ਬਿਰਧੀ ਕਛੁ ਬੰਧੁ॥ ਓਹ ਬੇਰਾ

ਨਹ ਬੂਝੀਐ ਜਉ ਆਇ ਪਰੈ ਜਮ ਫੰਧੁ ॥ ਗਿਆਨੀ ਧਿਆਨੀ ਚਤੁਰ ਪੇਖਿ
ਰਹਨੁ ਨਹੀ ਇਹ ਠਾਇ ॥ ਛਾਡਿ ਛਾਡਿ ਸਗਲੀ ਗਈ ਮੂੜ ਤਹਾ ਲਪਟਾਹਿ ॥
ਗੁਰਪ੍ਰਸਾਦਿ ਸਿਮਰਤ ਰਹੈ ਜਾਹੂ ਮਸਤਕਿ ਭਾਗ ॥ ਨਾਨਕ ਆਏ ਸਫਲ ਤੇ ਜਾ
ਕਉ ਪ੍ਰਿਅਹਿ ਸੁਹਾਗ ॥ ੧੯ ॥ ਸਲੋਕੁ ॥ ਘੋਖੇ ਸਾਸਤ੍ਰ ਬੇਦ ਸਭ ਆਨ ਨ
ਕਥਤਉ ਕੋਇ ॥ ਆਦਿ ਜੁਗਾਦੀ ਹੁਣਿ ਹੋਵਤ ਨਾਨਕ ਏਕੈ ਸੋਇ ॥ ੧ ॥
ਪਉੜੀ ॥ ਘਘਾ ਘਾਲਹੁ ਮਨਹਿ ਏਹ ਬਿਨੁ ਹਰਿ ਦੂਸਰ ਨਾਹਿ ॥ ਨਹ ਹੋਆ ਨਹ
ਹੋਵਨਾ ਜਤ ਕਤ ਓਹੀ ਸਮਾਹਿ ॥ ਘੂਲਹਿ ਤਉ ਮਨ ਜਉ ਆਵਹਿ ਸਰਨਾ ॥
ਨਾਮ ਤਤੁ ਕਲਿ ਮਹਿ ਪੁਨਹਚਰਨਾ ॥ ਘਾਲਿ ਘਾਲਿ ਅਨਿਕ ਪਛੁਤਾਵਹਿ ॥
ਬਿਨੁ ਹਰਿ ਭਗਤਿ ਕਹਾ ਥਿਤਿ ਪਾਵਹਿ ॥ ਘੋਲਿ ਮਹਾ ਰਸੁ ਅੰਮ੍ਰਿਤੁ ਤਿਹ
ਪੀਆ ॥ ਨਾਨਕ ਹਰਿ ਗੁਰਿ ਜਾ ਕਉ ਦੀਆ ॥ ੨੦ ॥ ਸਲੋਕੁ ॥ ਙਣਿ ਘਾਲੇ ਸਭ

ਦਿਵਸ ਸਾਸ ਨਹ ਬਢਨ ਘਟਨ ਤਿਲੁ ਸਾਰ॥ ਜੀਵਨ ਲੋਰਹਿ ਭਰਮ ਮੋਹ ਨਾਨਕ ਤੇਊ ਗਵਾਰ॥ ੧॥ ਪਉੜੀ॥ ਙੰਙਾ ਙ੍ਰਾਸੈ ਕਾਲੁ ਤਿਹ ਜੋ ਸਾਕਤ ਪ੍ਰਭਿ ਕੀਨ॥ ਅਨਿਕ ਜੋਨਿ ਜਨਮਹਿ ਮਰਹਿ ਆਤਮ ਰਾਮੁ ਨ ਚੀਨ॥ ਙਿਆਨ ਧਿਆਨ ਤਾਹੂ ਕਉ ਆਏ॥ ਕਰਿ ਕਿਰਪਾ ਜਿਹ ਆਪਿ ਦਿਵਾਏ॥ ਙਣਤੀ ਙਣੀ ਨਹੀ ਕੋਊ ਛੂਟੈ॥ ਕਾਚੀ ਗਾਗਰਿ ਸਰਪਰ ਫੂਟੈ॥ ਸੋ ਜੀਵਤ ਜਿਹ ਜੀਵਤ ਜਪਿਆ॥ ਪ੍ਰਗਟ ਭਏ ਨਾਨਕ ਨਹ ਛਪਿਆ॥ ੨੧॥ ਸਲੋਕੁ॥ ਚਿਤਿ ਚਿਤਵਉ ਚਰਣਾਰਬਿੰਦ ਊਧ ਕਵਲ ਬਿਗਸਾਂਤ॥ ਪ੍ਰਗਟ ਭਏ ਆਪਹਿ ਗੋੁਬਿੰਦ ਨਾਨਕ ਸੰਤ ਮਤਾਂਤ॥ ੧॥ ਪਉੜੀ॥ ਚਚਾ ਚਰਨ ਕਮਲ ਗੁਰ ਲਾਗਾ॥ ਧਨਿ ਧਨਿ ਉਆ ਦਿਨ ਸੰਜੋਗ ਸਭਾਗਾ॥ ਚਾਰਿ ਕੁੰਟ ਦਹ ਦਿਸਿ ਭ੍ਰਮਿ ਆਇਓ॥ ਭਈ ਕ੍ਰਿਪਾ ਤਬ ਦਰਸਨੁ ਪਾਇਓ॥ ਚਾਰ ਬਿਚਾਰ ਬਿਨਸਿਓ ਸਭ ਦੂਆ॥

ਸਾਧਸੰਗਿ ਮਨੁ ਨਿਰਮਲ ਹੂਆ॥ ਚਿੰਤ ਬਿਸਾਰੀ ਏਕ ਦ੍ਰਿਸਟੇਤਾ॥ ਨਾਨਕ ਗਿਆਨ ਅੰਜਨੁ ਜਿਹ ਨੇਤ੍ਰਾ॥ ੨੨॥ ਸਲੋਕੁ॥ ਛਾਤੀ ਸੀਤਲ ਮਨੁ ਸੁਖੀ ਛੰਤ ਗੋਬਿਦ ਗੁਨ ਗਾਇ॥ ਐਸੀ ਕਿਰਪਾ ਕਰਹੁ ਪ੍ਰਭ ਨਾਨਕ ਦਾਸ ਦਸਾਇ॥ ੧॥ ਪਉੜੀ॥ ਛਛਾ ਛੋਹਰੇ ਦਾਸ ਤੁਮਾਰੇ॥ ਦਾਸ ਦਾਸਨ ਕੇ ਪਾਨੀਹਾਰੇ॥ ਛਛਾ ਛਾਰੁ ਹੋਤ ਤੇਰੇ ਸੰਤਾ॥ ਅਪਨੀ ਕ੍ਰਿਪਾ ਕਰਹੁ ਭਗਵੰਤਾ॥ ਛਾਡਿ ਸਿਆਨਪ ਬਹੁ ਚਤੁਰਾਈ॥ ਸੰਤਨ ਕੀ ਮਨ ਟੇਕ ਟਿਕਾਈ॥ ਛਾਰੁ ਕੀ ਪੁਤਰੀ ਪਰਮਗਤਿ ਪਾਈ॥ ਨਾਨਕ ਜਾ ਕਉ ਸੰਤ ਸਹਾਈ॥ ੨੩॥ ਸਲੋਕੁ॥ ਜੋਰ ਜੁਲਮ ਫੂਲਹਿ ਘਨੋ ਕਾਚੀ ਦੇਹ ਬਿਕਾਰ॥ ਅਹੰਬੁਧਿ ਬੰਧਨ ਪਰੇ ਨਾਨਕ ਨਾਮ ਛੁਟਾਰ॥ ੧॥ ਪਉੜੀ॥ ਜਜਾ ਜਾਨੈ ਹਉ ਕਛੁ ਹੂਆ॥ ਬਾਧਿਓ ਜਿਉ ਨਲਿਨੀ ਭ੍ਰਮਿ ਸੂਆ॥ ਜਉ ਜਾਨੈ ਹਉ ਭਗਤੁ ਗਿਆਨੀ॥ ਆਗੈ ਠਾਕੁਰਿ ਤਿਲੁ ਨਹੀ ਮਾਨੀ॥ ਜਉ

ਜਾਨੈ ਮੈ ਕਥਨੀ ਕਰਤਾ ॥ ਬਿਆਪਾਰੀ ਬਸੁਧਾ ਜਿਉ ਫਿਰਤਾ ॥ ਸਾਧਸੰਗਿ ਜਿਹ ਹਉਮੈ ਮਾਰੀ ॥ ਨਾਨਕ ਤਾ ਕਉ ਮਿਲੇ ਮੁਰਾਰੀ ॥ ੨੪ ॥ ਸਲੋਕੁ ॥ ਝਾਲਾਘੇ ਉਠਿ ਨਾਮੁ ਜਪਿ ਨਿਸਿ ਬਾਸੁਰ ਆਰਾਧਿ ॥ ਕਾਰ੍ਹਾ ਤੁਝੈ ਨ ਬਿਆਪਈ ਨਾਨਕ ਮਿਟੈ ਉਪਾਧਿ ॥ ੧ ॥ ਪਉੜੀ ॥ ਝਝਾ ਝੂਰਨੁ ਮਿਟੈ ਤੁਮਾਰੋ ॥ ਰਾਮ ਨਾਮ ਸਿਉ ਕਰਿ ਬਿਉਹਾਰੋ ॥ ਝੂਰਤ ਝੂਰਤ ਸਾਕਤ ਮੂਆ ॥ ਜਾ ਕੈ ਰਿਦੈ ਹੋਤ ਭਾਉ ਬੀਆ ॥ ਝਰਹਿ ਕਸੰਮਲ ਪਾਪ ਤੇਰੇ ਮਨੂਆ ॥ ਅੰਮ੍ਰਿਤ ਕਥਾ ਸੰਤਸੰਗਿ ਸੁਨੂਆ ॥ ਝਰਹਿ ਕਾਮ ਕ੍ਰੋਧ ਦ੍ਰੁਸਟਾਈ ॥ ਨਾਨਕ ਜਾ ਕਉ ਕ੍ਰਿਪਾ ਗੁਸਾਈ ॥ ੨੫ ॥ ਸਲੋਕੁ ॥ ਞਤਨ ਕਰਹੁ ਤੁਮ ਅਨਿਕ ਬਿਧਿ ਰਹਨੁ ਨ ਪਾਵਹੁ ਮੀਤ ॥ ਜੀਵਤ ਰਹਹੁ ਹਰਿ ਹਰਿ ਭਜਹੁ ਨਾਨਕ ਨਾਮ ਪਰੀਤਿ ॥ ੧ ॥ ਪਵੜੀ ॥ ਞੰਞਾ ਞਾਣਹੁ ਦ੍ਰਿੜੁ ਸਹੀ ਬਿਨਸਿ ਜਾਤ ਏਹ ਹੇਤ ॥ ਗਣਤੀ ਗਣਉ ਨ ਗਣਿ ਸਕਉ ਊਠਿ

ਸਿਧਾਰੇ ਕੇਤ ॥ ਵੇ ਪੇਖਉ ਸੋ ਬਿਨਸਤਉ ਕਾ ਸਿਉ ਕਰੀਐ ਸੰਗੁ ॥ ਵਾਣਹੁ ਇਆ ਬਿਧਿ ਸਹੀ ਚਿਤ ਝੂਠਉ ਮਾਇਆ ਰੰਗੁ ॥ ਵਾਣਤ ਸੋਈ ਸੰਤੁ ਸੁਇ ਭ੍ਰਮ ਤੇ ਕੀ ਚਿਤ ਭਿੰਨ ॥ ਅੰਧ ਕੂਪ ਤੇ ਤਿਹ ਕਢਹੁ ਜਿਹ ਹੋਵਹੁ ਸੁਪ੍ਰਸੰਨ ॥ ਵਾ ਕੈ ਹਾਥਿ ਸਮਰਥ ਤੇ ਕਾਰਨ ਕਰਨੈ ਜੋਗ ॥ ਨਾਨਕ ਤਿਹ ਉਸਤਤਿ ਕਰਉ ਵਾਹੂ ਕੀਓ ਸੰਜੋਗ ॥ ੨੬ ॥ ਸਲੋਕੁ ॥ ਟੂਟੇ ਬੰਧਨ ਜਨਮ ਮਰਨ ਸਾਧ ਸੇਵ ਸੁਖੁ ਪਾਇ ॥ ਨਾਨਕ ਮਨਹੁ ਨ ਬੀਸਰੈ ਗੁਣ ਨਿਧਿ ਗੋਬਿਦ ਰਾਇ ॥ ੧ ॥ ਪਉੜੀ ॥ ਟਹਲ ਕਰਹੁ ਤਉ ਏਕ ਕੀ ਜਾ ਤੇ ਬ੍ਰਿਥਾ ਨ ਕੋਇ ॥ ਮਨਿ ਤਨਿ ਮੁਖਿ ਹੀਐ ਬਸੈ ਜੋ ਚਾਹਹੁ ਸੋ ਹੋਇ ॥ ਟਹਲ ਮਹਲ ਤਾ ਕਉ ਮਿਲੈ ਜਾ ਕਉ ਸਾਧ ਕ੍ਰਿਪਾਲ ॥ ਸਾਧੂ ਸੰਗਤਿ ਤਉ ਬਸੈ ਜਉ ਆਪਨ ਹੋਹਿ ਦਇਆਲ ॥ ਟੋਹੇ ਟਾਹੇ ਬਹੁ ਭਵਨ ਬਿਨੁ ਨਾਵੈ ਸੁਖੁ ਨਾਹਿ ॥ ਟਲਹਿ ਜਾਮ ਕੇ ਦੂਤ ਤਿਹ ਜੁ ਸਾਧੂ ਸੰਗਿ ਸਮਾਹਿ ॥ ਬਾਰਿ ਬਾਰਿ ਜਾਉ

ਸੰਤ ਸਦਕੇ ॥ ਨਾਨਕ ਪਾਪ ਬਿਨਾਸੇ ਕਦਿ ਕੇ ॥ ੨੭ ॥ ਸਲੋਕੁ ॥ ਠਾਕ ਨ ਹੋਤੀ ਤਿਨਹੁ ਦਰਿ ਜਿਹ ਹੋਵਹੁ ਸੁਪ੍ਰਸੰਨ ॥ ਜੋ ਜਨ ਪ੍ਰਭਿ ਅਪੁਨੇ ਕਰੇ ਨਾਨਕ ਤੇ ਧਨਿ ਧੰਨਿ ॥ ੧ ॥ ਪਉੜੀ ॥ ਠਠਾ ਮਨੂਆ ਠਾਹਹਿ ਨਾਹੀ ॥ ਜੋ ਸਗਲ ਤਿਆਗਿ ਏਕਹਿ ਲਪਟਾਹੀ ॥ ਠਹਕਿ ਠਹਕਿ ਮਾਇਆ ਸੰਗਿ ਮੂਏ ॥ ਉਆ ਕੈ ਕੁਸਲ ਨ ਕਤਹੂ ਹੂਏ ॥ ਠਾਂਢਿ ਪਰੀ ਸੰਤਹ ਸੰਗਿ ਬਸਿਆ ॥ ਅੰਮ੍ਰਿਤ ਨਾਮੁ ਤਹਾ ਜੀਅ ਰਸਿਆ ॥ ਠਾਕੁਰ ਅਪੁਨੇ ਜੋ ਜਨੁ ਭਾਇਆ ॥ ਨਾਨਕ ਉਆ ਕਾ ਮਨੁ ਸੀਤਲਾਇਆ ॥ ੨੮ ॥ ਸਲੋਕੁ ॥ ਡੰਡਉਤਿ ਬੰਦਨ ਅਨਿਕ ਬਾਰ ਸਰਬ ਕਲਾ ਸਮਰਥ ॥ ਡੋਲਨ ਤੇ ਰਾਖਹੁ ਪ੍ਰਭੂ ਨਾਨਕ ਦੇ ਕਰਿ ਹਥ ॥ ੧ ॥ ਪਉੜੀ ॥ ਡਡਾ ਡੇਰਾ ਇਹੁ ਨਹੀ ਜਹ ਡੇਰਾ ਤਹ ਜਾਨੁ ॥ ਉਆ ਡੇਰਾ ਕਾ ਸੰਜਮੋ ਗੁਰ ਕੈ ਸਬਦਿ ਪਛਾਨੁ ॥ ਇਆ ਡੇਰਾ ਕਉ ਸ੍ਰਮੁ ਕਰਿ ਘਾਲੈ ॥ ਜਾ ਕਾ ਤਸੂ ਨਹੀ ਸੰਗਿ ਚਾਲੈ ॥

ਉਆ ਡੇਰਾ ਕੀ ਸੋ ਮਿਤਿ ਜਾਨੈ॥ ਜਾ ਕਉ ਦ੍ਰਿਸਟਿ ਪੂਰਨ ਭਗਵਾਨੈ॥ ਡੇਰਾ ਨਿਹਚਲੁ ਸਚੁ ਸਾਧ ਸੰਗ ਪਾਇਆ॥ ਨਾਨਕ ਤੇ ਜਨ ਨਹ ਡੋਲਾਇਆ॥ ੨੯॥ ਸਲੋਕੁ॥ ਢਾਹਨ ਲਾਗੇ ਧਰਮਰਾਇ ਕਿਨਹਿ ਨ ਘਾਲਿਓ ਬੰਧ॥ ਨਾਨਕ ਉਬਰੇ ਜਪਿ ਹਰੀ ਸਾਧਸੰਗਿ ਸਨਬੰਧ॥ ੧॥ ਪਉੜੀ॥ ਢਢਾ ਢੂਢਤ ਕਹ ਫਿਰਹੁ ਢੂਢਨੁ ਇਆ ਮਨ ਮਾਹਿ॥ ਸੰਗਿ ਤੁਹਾਰੈ ਪ੍ਰਭੁ ਬਸੈ ਬਨੁ ਬਨੁ ਕਹਾ ਫਿਰਾਹਿ॥ ਢੇਰੀ ਢਾਹਹੁ ਸਾਧਸੰਗਿ ਅਹੰਬੁਧਿ ਬਿਕਰਾਲ॥ ਸੁਖੁ ਪਾਵਹੁ ਸਹਜੇ ਬਸਹੁ ਦਰਸਨੁ ਦੇਖਿ ਨਿਹਾਲ॥ ਢੇਰੀ ਜਾ ਮੈ ਜਮਿ ਮਰੈ ਗਰਭ ਜੋਨਿ ਦੁਖ ਪਾਇ॥ ਮੋਹ ਮਗਨ ਲਪਟਤ ਰਹੈ ਹਉ ਹਉ ਆਵੈ ਜਾਇ॥ ਢਹਤ ਢਹਤ ਅਬ ਢਹਿ ਪਰੇ ਸਾਧ ਜਨਾ ਸਰਨਾਇ॥ ਦੁਖ ਕੇ ਫਾਹੇ ਕਾਟਿਆ ਨਾਨਕ ਲੀਏ ਸਮਾਇ॥ ੩੦॥ ਸਲੋਕੁ॥ ਜਹ ਸਾਧੂ ਗੋਬਿਦ ਭਜਨੁ ਕੀਰਤਨੁ ਨਾਨਕ ਨੀਤ॥ ਣਾ ਹਉ ਣਾ ਤੂੰ

ਣਹ ਛੁਟਹਿ ਨਿਕਟਿ ਨ ਜਾਈਅਹੁ ਦੂਤ॥ ੧॥ ਪਉੜੀ॥ ਣਾਣਾ ਰਣ ਤੇ ਸੀਝੀਐ ਆਤਮ ਜੀਤੈ ਕੋਇ॥ ਹਉਮੈ ਅਨ ਸਿਉ ਲਰਿ ਮਰੈ ਸੋ ਸੋਭਾ ਦੂ ਹੋਇ॥ ਮਣੀ ਮਿਟਾਇ ਜੀਵਤ ਮਰੈ ਗੁਰ ਪੂਰੇ ਉਪਦੇਸ॥ ਮਨੂਆ ਜੀਤੈ ਹਰਿ ਮਿਲੈ ਤਿਹ ਸੂਰਤਣ ਵੇਸ॥ ਣਾ ਕੋ ਜਾਣੈ ਆਪਣੋ ਏਕਹਿ ਟੇਕ ਅਧਾਰ॥ ਰੈਣਿ ਦਿਨਸੁ ਸਿਮਰਤ ਰਹੈ ਸੋ ਪ੍ਰਭੁ ਪੁਰਖੁ ਅਪਾਰ॥ ਰੇਣ ਸਗਲ ਇਆ ਮਨੁ ਕਰੈ ਏਊ ਕਰਮ ਕਮਾਇ॥ ਹੁਕਮੈ ਬੂਝੈ ਸਦਾ ਸੁਖੁ ਨਾਨਕ ਲਿਖਿਆ ਪਾਇ॥ ੩੧॥ ਸਲੋਕੁ॥ ਤਨੁ ਮਨੁ ਧਨੁ ਅਰਪਉ ਤਿਸੈ ਪ੍ਰਭੂ ਮਿਲਾਵੈ ਮੋਹਿ॥ ਨਾਨਕ ਭ੍ਰਮ ਭਉ ਕਾਟੀਐ ਚੂਕੈ ਜਮ ਕੀ ਜੋਹ॥ ੧॥ ਪਉੜੀ॥ ਤਤਾ ਤਾ ਸਿਉ ਪ੍ਰੀਤਿ ਕਰਿ ਗੁਣ ਨਿਧਿ ਗੋਬਿਦ ਰਾਇ॥ ਫਲ ਪਾਵਹਿ ਮਨ ਬਾਛਤੇ ਤਪਤਿ ਤੁਹਾਰੀ ਜਾਇ॥ ਤ੍ਰਾਸ ਮਿਟੈ ਜਮ ਪੰਥ ਕੀ ਜਾਸੁ ਬਸੈ ਮਨਿ ਨਾਉ॥ ਗਤਿ ਪਾਵਹਿ ਮਤਿ ਹੋਇ ਪ੍ਰਗਾਸ ਮਹਲੀ

ਪਾਵਹਿ ਠਾਉ ॥ ਤਾਹੂ ਸੰਗਿ ਨ ਧਨੁ ਚਲੈ ਗ੍ਰਿਹ ਜੋਬਨ ਨਹ ਰਾਜ ॥ ਸੰਤਸੰਗਿ
ਸਿਮਰਤ ਰਹਹੁ ਇਹੈ ਤੁਹਾਰੈ ਕਾਜ ॥ ਤਾਤਾ ਕਛੂ ਨ ਹੋਈ ਹੈ ਜਉ ਤਾਪ
ਨਿਵਾਰੈ ਆਪ ॥ ਪ੍ਰਤਿਪਾਲੈ ਨਾਨਕ ਹਮਹਿ ਆਪਹਿ ਮਾਈ ਬਾਪ ॥ ੩੨ ॥
ਸਲੋਕੁ ॥ ਥਾਕੇ ਬਹੁ ਬਿਧਿ ਘਾਲਤੇ ਤ੍ਰਿਪਤਿ ਨ ਤ੍ਰਿਸਨਾ ਲਾਥ ॥ ਸੰਚਿ ਸੰਚਿ
ਸਾਕਤ ਮੂਏ ਨਾਨਕ ਮਾਇਆ ਨ ਸਾਥ ॥ ੧ ॥ ਪਉੜੀ ॥ ਥਥਾ ਥਿਰੁ ਕੋਊ ਨਹੀ
ਕਾਇ ਪਸਾਰਹੁ ਪਾਵ ॥ ਅਨਿਕ ਬੰਚ ਬਲ ਛਲ ਕਰਹੁ ਮਾਇਆ ਏਕ ਉਪਾਵ ॥
ਥੈਲੀ ਸੰਚਹੁ ਸ੍ਰਮੁ ਕਰਹੁ ਥਾਕਿ ਪਰਹੁ ਗਾਵਾਰ ॥ ਮਨ ਕੈ ਕਾਮਿ ਨ ਆਵਈ ਅੰਤੇ
ਅਉਸਰ ਬਾਰ ॥ ਥਿਤਿ ਪਾਵਹੁ ਗੋਬਿਦ ਭਜਹੁ ਸੰਤਹ ਕੀ ਸਿਖ ਲੇਹੁ ॥ ਪ੍ਰੀਤਿ ਕਰਹੁ
ਸਦ ਏਕ ਸਿਉ ਇਆ ਸਾਚਾ ਅਸਨੇਹੁ ॥ ਕਾਰਨ ਕਰਨ ਕਰਾਵਨੋ ਸਭ ਬਿਧਿ ਏਕੈ
ਹਾਥ ॥ ਜਿਤੁ ਜਿਤੁ ਲਾਵਹੁ ਤਿਤੁ ਤਿਤੁ ਲਗਹਿ ਨਾਨਕ ਜੰਤ ਅਨਾਥ ॥ ੩੩ ॥

ਸਲੋਕੁ ॥ ਦਾਸਹ ਏਕੁ ਨਿਹਾਰਿਆ ਸਭੁ ਕਛੁ ਦੇਵਨਹਾਰ ॥ ਸਾਸਿ ਸਾਸਿ ਸਿਮਰਤ ਰਹਹਿ ਨਾਨਕ ਦਰਸ ਅਧਾਰ ॥ ੧ ॥ ਪਉੜੀ ॥ ਦਦਾ ਦਾਤਾ ਏਕੁ ਹੈ ਸਭ ਕਉ ਦੇਵਨਹਾਰ ॥ ਦੇਂਦੇ ਤੋਟਿ ਨ ਆਵਈ ਅਗਨਤ ਭਰੇ ਭੰਡਾਰ ॥ ਦੈਨਹਾਰੁ ਸਦ ਜੀਵਨਹਾਰਾ ॥ ਮਨ ਮੂਰਖ ਕਿਉ ਤਾਹਿ ਬਿਸਾਰਾ ॥ ਦੋਸੁ ਨਹੀ ਕਾਹੂ ਕਉ ਮੀਤਾ ॥ ਮਾਇਆ ਮੋਹ ਬੰਧੁ ਪ੍ਰਭਿ ਕੀਤਾ ॥ ਦਰਦ ਨਿਵਾਰਹਿ ਜਾ ਕੇ ਆਪੇ ॥ ਨਾਨਕ ਤੇ ਤੇ ਗੁਰਮੁਖਿ ਧ੍ਰਾਪੇ ॥ ੩੪ ॥ ਸਲੋਕੁ ॥ ਧਰ ਜੀਅਰੇ ਇਕ ਟੇਕ ਤੂ ਲਾਹਿ ਬਿਡਾਨੀ ਆਸ ॥ ਨਾਨਕ ਨਾਮੁ ਧਿਆਈਐ ਕਾਰਜੁ ਆਵੈ ਰਾਸਿ ॥ ੧ ॥ ਪਉੜੀ ॥ ਧਧਾ ਧਾਵਤ ਤਉ ਮਿਟੈ ਸੰਤਸੰਗਿ ਹੋਇ ਬਾਸੁ ॥ ਧੁਰ ਤੇ ਕਿਰਪਾ ਕਰਹੁ ਆਪਿ ਤਉ ਹੋਇ ਮਨਹਿ ਪਰਗਾਸੁ ॥ ਧਨੁ ਸਾਚਾ ਤੇਊ ਸਚ ਸਾਹਾ ॥ ਹਰਿ ਹਰਿ ਪੂੰਜੀ ਨਾਮ ਬਿਸਾਹਾ ॥ ਧੀਰਜੁ ਜਸੁ ਸੋਭਾ ਤਿਹ ਬਨਿਆ ॥ ਹਰਿ ਹਰਿ ਨਾਮੁ ਸ੍ਰਵਨ ਜਿਹ ਸੁਨਿਆ ॥

ਗੁਰਮੁਖਿ ਜਿਹ ਘਟਿ ਰਹੇ ਸਮਾਈ॥ ਨਾਨਕ ਤਿਹ ਜਨ ਮਿਲੀ ਵਡਾਈ॥ ੩੫॥
ਸਲੋਕੁ॥ ਨਾਨਕ ਨਾਮੁ ਨਾਮੁ ਜਪੁ ਜਪਿਆ ਅੰਤਰਿ ਬਾਹਰਿ ਰੰਗਿ॥ ਗੁਰਿ ਪੂਰੈ
ਉਪਦੇਸਿਆ ਨਰਕੁ ਨਾਹਿ ਸਾਧਸੰਗਿ॥ ੧॥ ਪਉੜੀ॥ ਨੰਨਾ ਨਰਕਿ ਪਰਹਿ ਤੇ
ਨਾਹੀ॥ ਜਾ ਕੈ ਮਨਿ ਤਨਿ ਨਾਮੁ ਬਸਾਹੀ॥ ਨਾਮੁ ਨਿਧਾਨੁ ਗੁਰਮੁਖਿ ਜੋ ਜਪਤੇ॥
ਬਿਖੁ ਮਾਇਆ ਮਹਿ ਨਾ ਓਇ ਖਪਤੇ॥ ਨੰਨਾਕਾਰੁ ਨ ਹੋਤਾ ਤਾ ਕਹੁ॥ ਨਾਮੁ ਮੰਤ੍ਰੁ
ਗੁਰਿ ਦੀਨੋ ਜਾ ਕਹੁ॥ ਨਿਧਿ ਨਿਧਾਨ ਹਰਿ ਅੰਮ੍ਰਿਤ ਪੂਰੇ॥ ਤਹ ਬਾਜੇ ਨਾਨਕ
ਅਨਹਦ ਤੂਰੇ॥ ੩੬॥ ਸਲੋਕੁ॥ ਪਤਿ ਰਾਖੀ ਗੁਰਿ ਪਾਰਬ੍ਰਹਮ ਤਜਿ ਪਰਪੰਚ ਮੋਹ
ਬਿਕਾਰ॥ ਨਾਨਕ ਸੋਊ ਆਰਾਧੀਐ ਅੰਤੁ ਨ ਪਾਰਾਵਾਰੁ॥ ੧॥ ਪਉੜੀ॥ ਪਪਾ
ਪਰਮਿਤਿ ਪਾਰੁ ਨ ਪਾਇਆ॥ ਪਤਿਤ ਪਾਵਨ ਅਗਮ ਹਰਿ ਰਾਇਆ॥ ਹੋਤ
ਪੁਨੀਤ ਕੋਟ ਅਪਰਾਧੂ॥ ਅੰਮ੍ਰਿਤ ਨਾਮੁ ਜਪਹਿ ਮਿਲਿ ਸਾਧੂ॥ ਪਰਪਚ ਧ੍ਰੋਹ ਮੋਹ

ਮਿਟ ਨਾਈ ॥ ਜਾ ਕਉ ਰਾਖਹੁ ਆਪਿ ਗੁਸਾਈ ॥ ਪਾਤਿਸਾਹੁ ਛਤ੍ਰ ਸਿਰ ਸੋਊ ॥
ਨਾਨਕ ਦੂਸਰ ਅਵਰੁ ਨ ਕੋਊ ॥ ੩੭ ॥ ਸਲੋਕੁ ॥ ਫਾਹੇ ਕਾਟੇ ਮਿਟੇ ਗਵਨ ਫਤਿਹ
ਭਈ ਮਨਿ ਜੀਤ ॥ ਨਾਨਕ ਗੁਰ ਤੇ ਥਿਤ ਪਾਈ ਫਿਰ ਨ ਮਿਟੇ ਨਿਤ ਨੀਤ ॥ ੧ ॥
ਪਉੜੀ ॥ ਫਫਾ ਫਿਰਤ ਫਿਰਤ ਤੂ ਆਇਆ ॥ ਦ੍ਰੁਲਭ ਦੇਹ ਕਲਿਜੁਗ ਮਹਿ
ਪਾਇਆ ॥ ਫਿਰਿ ਇਆ ਅਉਸਰੁ ਚਰੈ ਨ ਹਾਥਾ ॥ ਨਾਮੁ ਜਪਹੁ ਤਉ ਕਟੀਅਹਿ
ਫਾਸਾ ॥ ਫਿਰਿ ਫਿਰਿ ਆਵਨ ਜਾਨੁ ਨ ਹੋਈ ॥ ਏਕਹਿ ਏਕ ਜਪਹੁ ਜਪੁ ਸੋਈ ॥
ਕਰਹੁ ਕ੍ਰਿਪਾ ਪ੍ਰਭ ਕਰਨੈਹਾਰੇ ॥ ਮੇਲਿ ਲੇਹੁ ਨਾਨਕ ਬੇਚਾਰੇ ॥ ੩੮ ॥ ਸਲੋਕੁ ॥ ਬਿਨਉ
ਸੁਨਹੁ ਤੁਮ ਪਾਰਬ੍ਰਹਮ ਦੀਨ ਦਇਆਲ ਗੁਪਾਲ ॥ ਸੁਖ ਸੰਪੈ ਬਹੁ ਭੋਗ ਰਸ ਨਾਨਕ
ਸਾਧ ਰਵਾਲ ॥ ੧ ॥ ਪਉੜੀ ॥ ਬਬਾ ਬ੍ਰਹਮੁ ਜਾਨਤ ਤੇ ਬ੍ਰਹਮਾ ॥ ਬੈਸਨੋ ਤੇ ਗੁਰਮੁਖਿ
ਸੁਚ ਧਰਮਾ ॥ ਬੀਰਾ ਆਪਨ ਬੁਰਾ ਮਿਟਾਵੈ ॥ ਤਾਹੂ ਬੁਰਾ ਨਿਕਟਿ ਨਹੀ ਆਵੈ ॥

ਬਾਧਿਓ ਆਪਨ ਹਉ ਹਉ ਬੰਧਾ ॥ ਦੋਸੁ ਦੇਤ ਆਗਹ ਕਉ ਅੰਧਾ ॥ ਬਾਤ ਚੀਤ ਸਭ ਰਹੀ ਸਿਆਨਪ ॥ ਜਿਸਹਿ ਜਨਾਵਹੁ ਸੋ ਜਾਨੈ ਨਾਨਕ ॥ ੩੯ ॥ ਸਲੋਕੁ ॥ ਭੈ ਭੰਜਨ ਅਘ ਦੂਖ ਨਾਸ ਮਨਹਿ ਅਰਾਧਿ ਹਰੇ ॥ ਸੰਤਸੰਗ ਜਿਹ ਰਿਦ ਬਸਿਓ ਨਾਨਕ ਤੇ ਨ ਭ੍ਰਮੇ ॥ ੧ ॥ ਪਉੜੀ ॥ ਭਭਾ ਭਰਮੁ ਮਿਟਾਵਹੁ ਅਪਨਾ ॥ ਇਆ ਸੰਸਾਰੁ ਸਗਲ ਹੈ ਸੁਪਨਾ ॥ ਭਰਮੇ ਸੁਰਿ ਨਰ ਦੇਵੀ ਦੇਵਾ ॥ ਭਰਮੇ ਸਿਧ ਸਾਧਿਕ ਬ੍ਰਹਮੇਵਾ ॥ ਭਰਮਿ ਭਰਮਿ ਮਾਨੁਖ ਡਹਕਾਏ ॥ ਦੁਤਰ ਮਹਾਬਿਖਮ ਇਹ ਮਾਏ ॥ ਗੁਰਮੁਖਿ ਭ੍ਰਮ ਭੈ ਮੋਹ ਮਿਟਾਇਆ ॥ ਨਾਨਕ ਤੇਹ ਪਰਮ ਸੁਖ ਪਾਇਆ ॥ ੪੦ ॥ ਸਲੋਕੁ ॥ ਮਾਇਆ ਡੋਲੈ ਬਹੁ ਬਿਧੀ ਮਨੁ ਲਪਟਿਓ ਤਿਹ ਸੰਗ ॥ ਮਾਗਨ ਤੇ ਜਿਹ ਤੁਮ ਰਖਹੁ ਸੁ ਨਾਨਕ ਨਾਮਹਿ ਰੰਗ ॥ ੧ ॥ ਪਉੜੀ ॥ ਮਮਾ ਮਾਗਨਹਾਰ ਇਆਨਾ ॥ ਦੇਨਹਾਰ ਦੇ ਰਹਿਓ ਸੁਜਾਨਾ ॥ ਜੋ ਦੀਨੋ ਸੋ ਏਕਹਿ ਬਾਰ ॥ ਮਨ ਮੂਰਖ ਕਹ ਕਰਹਿ ਪੁਕਾਰ ॥ ਜਉ

ਮਾਗਹਿ ਤਉ ਮਾਗਹਿ ਬੀਆ ॥ ਜਾ ਤੇ ਕੁਸਲ ਨ ਕਾਹੂ ਥੀਆ ॥ ਮਾਗਨਿ ਮਾਗਤ ਏਕਹਿ ਮਾਗ ॥ ਨਾਨਕ ਜਾ ਤੇ ਪਰਹਿ ਪਰਾਗ ॥ ੪੧ ॥ ਸਲੋਕ ॥ ਮਤਿ ਪੂਰੀ ਪਰਧਾਨ ਤੇ ਗੁਰ ਪੂਰੇ ਮਨ ਮੰਤ ॥ ਜਿਹ ਜਾਨਿਓ ਪ੍ਰਭੁ ਆਪੁਨਾ ਨਾਨਕ ਤੇ ਭਗਵੰਤ ॥ ੧ ॥ ਪਉੜੀ ॥ ਮਮਾ ਜਾਹੂ ਮਰਮੁ ਪਛਾਨਾ ॥ ਭੇਟਤ ਸਾਧਸੰਗ ਪਤੀਆਨਾ ॥ ਦੁਖ ਸੁਖ ਉਆ ਕੈ ਸਮਤ ਬੀਚਾਰਾ ॥ ਨਰਕ ਸੁਰਗ ਰਹਤ ਅਉਤਾਰਾ ॥ ਤਾਹੂ ਸੰਗ ਤਾਹੂ ਨਿਰਲੇਪਾ ॥ ਪੂਰਨ ਘਟ ਘਟ ਪੁਰਖ ਬਿਸੇਖਾ ॥ ਉਆ ਰਸ ਮਹਿ ਉਆਹੂ ਸੁਖੁ ਪਾਇਆ ॥ ਨਾਨਕ ਲਿਪਤ ਨਹੀ ਤਿਹ ਮਾਇਆ ॥ ੪੨ ॥ ਸਲੋਕੁ ॥ ਯਾਰ ਮੀਤ ਸੁਨਿ ਸਾਜਨਹੁ ਬਿਨੁ ਹਰਿ ਛੂਟਨੁ ਨਾਹਿ ॥ ਨਾਨਕ ਤਿਹ ਬੰਧਨ ਕਟੇ ਗੁਰ ਕੀ ਚਰਨੀ ਪਾਹਿ ॥ ੧ ॥ ਪਵੜੀ ॥ ਯਯਾ ਜਤਨ ਕਰਤ ਬਹੁ ਬਿਧੀਆ ॥ ਏਕ ਨਾਮ ਬਿਨੁ ਕਹ ਲਉ ਸਿਧੀਆ ॥ ਯਾਹੂ ਜਤਨ ਕਰਿ ਹੋਤ

ਛੁਟਾਰਾ॥ ਉਆਹੂ ਜਤਨ ਸਾਧ ਸੰਗਾਰਾ॥ ਯਾ ਉਬਰਨ ਧਾਰੈ ਸਭੁ ਕੋਊ॥
ਉਆਹਿ ਜਪੇ ਬਿਨੁ ਉਬਰ ਨ ਹੋਊ॥ ਯਾਹੂ ਤਰਨ ਤਾਰਨ ਸਮਰਾਥਾ॥ ਰਾਖਿ
ਲੇਹੁ ਨਿਰਗੁਨ ਨਰ ਨਾਥਾ॥ ਮਨ ਬਚ ਕ੍ਰਮ ਜਿਹ ਆਪਿ ਜਨਾਈ॥ ਨਾਨਕ
ਤਿਹ ਮਤਿ ਪ੍ਰਗਟੀਆਈ॥ ੪੩॥ ਸਲੋਕੁ॥ ਰੋਸੁ ਨ ਕਾਹੂ ਸੰਗ ਕਰਹੁ ਆਪਨ
ਆਪੁ ਬੀਚਾਰਿ॥ ਹੋਇ ਨਿਮਾਨਾ ਜਗਿ ਰਹਹੁ ਨਾਨਕ ਨਦਰੀ ਪਾਰਿ॥ ੧॥
ਪਉੜੀ॥ ਰਾਰਾ ਰੇਨ ਹੋਤ ਸਭ ਜਾ ਕੀ॥ ਤਜਿ ਅਭਿਮਾਨੁ ਛੁਟੈ ਤੇਰੀ ਬਾਕੀ॥
ਰਣਿ ਦਰਗਹਿ ਤਉ ਸੀਝਹਿ ਭਾਈ॥ ਜਉ ਗੁਰਮੁਖਿ ਰਾਮ ਨਾਮ ਲਿਵ
ਲਾਈ॥ ਰਹਤ ਰਹਤ ਰਹਿ ਜਾਹਿ ਬਿਕਾਰਾ॥ ਗੁਰ ਪੂਰੇ ਕੈ ਸਬਦਿ ਅਪਾਰਾ॥
ਰਾਤੇ ਰੰਗ ਨਾਮ ਰਸ ਮਾਤੇ॥ ਨਾਨਕ ਹਰਿ ਗੁਰ ਕੀਨੀ ਦਾਤੇ॥ ੪੪॥
ਸਲੋਕੁ॥ ਲਾਲਚ ਝੂਠ ਬਿਖੈ ਬਿਆਧਿ ਇਆ ਦੇਹੀ ਮਹਿ ਬਾਸ॥ ਹਰਿ ਹਰਿ

ਅੰਮ੍ਰਿਤੁ ਗੁਰਮੁਖਿ ਪੀਆ ਨਾਨਕ ਸੁਖਿ ਨਿਵਾਸ ॥ ੧ ॥ ਪਉੜੀ ॥ ਲਲਾ ਲਾਵਉ ਅਉਖਧ ਜਾਹੂ ॥ ਦੂਖ ਦਰਦ ਤਿਹ ਮਿਟਹਿ ਖਿਨਾਹੂ ॥ ਨਾਮ ਅਉਖਧੁ ਜਿਹ ਰਿਦੈ ਹਿਤਾਵੈ ॥ ਤਾਹਿ ਰੋਗੁ ਸੁਪਨੈ ਨਹੀ ਆਵੈ ॥ ਹਰਿ ਅਉਖਧੁ ਸਭ ਘਟ ਹੈ ਭਾਈ ॥ ਗੁਰ ਪੂਰੇ ਬਿਨੁ ਬਿਧਿ ਨ ਬਨਾਈ ॥ ਗੁਰਿ ਪੂਰੈ ਸੰਜਮੁ ਕਰਿ ਦੀਆ ॥ ਨਾਨਕ ਤਉ ਫਿਰਿ ਦੂਖ ਨ ਥੀਆ ॥ ੪੫ ॥ ਸਲੋਕੁ ॥ ਵਾਸੁਦੇਵ ਸਰਬਤ੍ਰ ਮੈ ਊਨ ਨ ਕਤਹੂ ਠਾਇ ॥ ਅੰਤਰਿ ਬਾਹਰਿ ਸੰਗਿ ਹੈ ਨਾਨਕ ਕਾਇ ਦੁਰਾਇ ॥ ੧ ॥ ਪਉੜੀ ॥ ਵਵਾ ਵੈਰੁ ਨ ਕਰੀਐ ਕਾਹੂ ॥ ਘਟ ਘਟ ਅੰਤਰਿ ਬ੍ਰਹਮ ਸਮਾਹੂ ॥ ਵਾਸੁਦੇਵ ਜਲ ਥਲ ਮਹਿ ਰਵਿਆ ॥ ਗੁਰਪ੍ਰਸਾਦਿ ਵਿਰਲੈ ਹੀ ਗਵਿਆ ॥ ਵੈਰ ਵਿਰੋਧ ਮਿਟੇ ਤਿਹ ਮਨ ਤੇ ॥ ਹਰਿ ਕੀਰਤਨੁ ਗੁਰਮੁਖਿ ਜੋ ਸੁਨਤੇ ॥ ਵਰਨ ਚਿਹਨ ਸਗਲਹ ਤੇ ਰਹਤਾ ॥ ਨਾਨਕ ਹਰਿ ਹਰਿ ਗੁਰਮੁਖਿ ਜੋ ਕਹਤਾ ॥ ੪੬ ॥

ਸਲੋਕੁ ॥ ਹਉ ਹਉ ਕਰਤ ਬਿਹਾਨੀਆ ਸਾਕਤ ਮੁਗਧ ਅਜਾਨ ॥ ੜੜਕਿ ਮੁਏ ਜਿਉ ਤ੍ਰਿਖਾਵੰਤ ਨਾਨਕ ਕਿਰਤਿ ਕਮਾਨ ॥ ੧ ॥ ਪਉੜੀ ॥ ੜਾੜਾ ੜਾੜਿ ਮਿਟੈ ਸੰਗਿ ਸਾਧੂ ॥ ਕਰਮ ਧਰਮ ਤਤੁ ਨਾਮ ਅਰਾਧੂ ॥ ਰੂੜੋ ਜੇਹ ਬਸਿਓ ਰਿਦ ਮਾਹੀ ॥ ਉਆ ਕੀ ੜਾੜਿ ਮਿਟਤ ਬਿਨਸਾਹੀ ॥ ੜਾੜਿ ਕਰਤ ਸਾਕਤ ਗਾਵਾਰਾ ॥ ਜੇਹ ਹੀਐ ਅਹੰਬੁਧਿ ਬਿਕਾਰਾ ॥ ੜਾੜਾ ਗੁਰਮੁਖਿ ੜਾੜਿ ਮਿਟਾਈ ॥ ਨਿਮਖ ਮਾਹਿ ਨਾਨਕ ਸਮਝਾਈ ॥ ੪੭ ॥ ਸਲੋਕੁ ॥ ਸਾਧੂ ਕੀ ਮਨ ਓਟ ਗਹੁ ਉਕਤਿ ਸਿਆਨਪ ਤਿਆਗੁ ॥ ਗੁਰ ਦੀਖਿਆ ਜਿਹ ਮਨਿ ਬਸੈ ਨਾਨਕ ਮਸਤਕਿ ਭਾਗੁ ॥ ੧ ॥ ਪਉੜੀ ॥ ਸਸਾ ਸਰਨਿ ਪਰੇ ਅਬ ਹਾਰੇ ॥ ਸਾਸਤ੍ਰ ਸਿਮ੍ਰਿਤਿ ਬੇਦ ਪੂਕਾਰੇ ॥ ਸੋਧਤ ਸੋਧਤ ਸੋਧਿ ਬੀਚਾਰਾ ॥ ਬਿਨੁ ਹਰਿ ਭਜਨ ਨਹੀ ਛੁਟਕਾਰਾ ॥ ਸਾਸਿ ਸਾਸਿ ਹਮ ਭੂਲਨਹਾਰੇ ॥ ਤੁਮ ਸਮਰਥ ਅਗਨਤ ਅਪਾਰੇ ॥ ਸਰਨਿ ਪਰੇ

ਕੀ ਰਾਖੁ ਦਇਆਲਾ॥ ਨਾਨਕ ਤੁਮਰੇ ਬਾਲ ਗੁਪਾਲਾ॥ ੪੮॥ ਸਲੋਕੁ॥ ਖੁਦੀ ਮਿਟੀ ਤਬ ਸੁਖ ਭਏ ਮਨ ਤਨ ਭਏ ਅਰੋਗ॥ ਨਾਨਕ ਦ੍ਰਿਸਟੀ ਆਇਆ ਉਸਤਤਿ ਕਰਨੈ ਜੋਗੁ॥ ੧॥ ਪਉੜੀ॥ ਖਖਾ ਖਰਾ ਸਰਾਹਉ ਤਾਹੂ॥ ਜੋ ਖਿਨ ਮਹਿ ਊਨੇ ਸੁਭਰ ਭਰਾਹੂ॥ ਖਰਾ ਨਿਮਾਨਾ ਹੋਤ ਪਰਾਨੀ॥ ਅਨਦਿਨੁ ਜਾਪੈ ਪ੍ਰਭ ਨਿਰਬਾਨੀ॥ ਭਾਵੈ ਖਸਮ ਤ ਉਆ ਸੁਖੁ ਦੇਤਾ॥ ਪਾਰਬ੍ਰਹਮੁ ਐਸੋ ਆਗਨਤਾ॥ ਅਸੰਖ ਖਤੇ ਖਿਨ ਬਖਸਨਹਾਰਾ॥ ਨਾਨਕ ਸਾਹਿਬ ਸਦਾ ਦਇਆਰਾ॥ ੪੯॥ ਸਲੋਕੁ॥ ਸਤਿ ਕਹਉ ਸੁਨਿ ਮਨ ਮੇਰੇ ਸਰਨਿ ਪਰਹੁ ਹਰਿ ਰਾਇ॥ ਉਕਤਿ ਸਿਆਨਪ ਸਗਲ ਤਿਆਗਿ ਨਾਨਕ ਲਏ ਸਮਾਇ॥ ੧॥ ਪਉੜੀ॥ ਸਸਾ ਸਿਆਨਪ ਛਾਡੁ ਇਆਨਾ॥ ਹਿਕਮਤਿ ਹੁਕਮਿ ਨ ਪ੍ਰਭੁ ਪਤੀਆਨਾ॥ ਸਹਸ ਭਾਤਿ ਕਰਹਿ ਚਤੁਰਾਈ॥ ਸੰਗਿ ਤੁਹਾਰੈ ਏਕ ਨ ਜਾਈ॥ ਸੋਊ ਸੋਊ ਜਪਿ ਦਿਨ

ਰਾਤੀ ॥ ਰੇ ਜੀਅ ਚਲੈ ਤੁਹਾਰੈ ਸਾਥੀ ॥ ਸਾਧ ਸੇਵਾ ਲਾਵੈ ਜਿਹ ਆਪੈ ॥ ਨਾਨਕ ਤਾ ਕਉ ਦੂਖੁ ਨ ਬਿਆਪੈ ॥ ੫੦ ॥ ਸਲੋਕੁ ॥ ਹਰਿ ਹਰਿ ਮੁਖ ਤੇ ਬੋਲਨਾ ਮਨਿ ਵੂਠੈ ਸੁਖੁ ਹੋਇ ॥ ਨਾਨਕ ਸਭ ਮਹਿ ਰਵਿ ਰਹਿਆ ਥਾਨ ਥਨੰਤਰਿ ਸੋਇ ॥ ੧ ॥ ਪਉੜੀ ॥ ਹੇਰਉ ਘਟਿ ਘਟਿ ਸਗਲ ਕੈ ਪੂਰਿ ਰਹੇ ਭਗਵਾਨ ॥ ਹੋਵਤ ਆਏ ਸਦ ਸਦੀਵ ਦੁਖ ਭੰਜਨ ਗੁਰ ਗਿਆਨ ॥ ਹਉ ਛੁਟਕੈ ਹੋਇ ਅਨੰਦੁ ਤਿਹ ਹਉ ਨਾਹੀ ਤਹ ਆਪਿ ॥ ਹਤੇ ਦੂਖ ਜਨਮਹ ਮਰਨ ਸੰਤਸੰਗ ਪਰਤਾਪ ॥ ਹਿਤ ਕਰਿ ਨਾਮ ਦ੍ਰਿੜੈ ਦਇਆਲਾ ॥ ਸੰਤਹ ਸੰਗਿ ਹੋਤ ਕਿਰਪਾਲਾ ॥ ਓਰੈ ਕਛੂ ਨ ਕਿਨਹੂ ਕੀਆ ॥ ਨਾਨਕ ਸਭੁ ਕਛੁ ਪ੍ਰਭ ਤੇ ਹੂਆ ॥ ੫੧ ॥ ਸਲੋਕੁ ॥ ਲੇਖੈ ਕਤਹਿ ਨ ਛੂਟੀਐ ਖਿਨੁ ਖਿਨੁ ਭੂਲਨਹਾਰ ॥ ਬਖਸਨਹਾਰ ਬਖਸਿ ਲੈ ਨਾਨਕ ਪਾਰਿ ਉਤਾਰ ॥ ੧ ॥ ਪਉੜੀ ॥ ਲੂਣਹਰਾਮੀ ਗੁਨਹਗਾਰ ਬੇਗਾਨਾ ਅਲਪ ਮਤਿ ॥

ਜੀਉ ਪਿੰਡੁ ਜਿਨਿ ਸੁਖ ਦੀਏ ਤਾਹਿ ਨ ਜਾਨਤ ਤਤ ॥ ਲਾਹਾ ਮਾਇਆ ਕਾਰਨੇ ਦਹ ਦਿਸਿ ਢੂਢਨ ਜਾਇ ॥ ਦੇਵਨਹਾਰ ਦਾਤਾਰ ਪ੍ਰਭ ਨਿਮਖ ਨ ਮਨਹਿ ਬਸਾਇ ॥ ਲਾਲਚ ਝੂਠ ਬਿਕਾਰ ਮੋਹ ਇਆ ਸੰਪੈ ਮਨ ਮਾਹਿ ॥ ਲੰਪਟ ਚੋਰ ਨਿੰਦਕ ਮਹਾ ਤਿਨਹੂ ਸੰਗਿ ਬਿਹਾਇ ॥ ਤੁਧੁ ਭਾਵੈ ਤਾ ਬਖਸਿ ਲੈਹਿ ਖੋਟੇ ਸੰਗਿ ਖਰੇ ॥ ਨਾਨਕ ਭਾਵੈ ਪਾਰਬ੍ਰਹਮ ਪਾਹਨ ਨੀਰਿ ਤਰੇ ॥ ੫੨ ॥ ਸਲੋਕੁ ॥ ਖਾਤ ਪੀਤ ਖੇਲਤ ਹਸਤ ਭਰਮੇ ਜਨਮ ਅਨੇਕ ॥ ਭਵਜਲ ਤੇ ਕਾਢਹੁ ਪ੍ਰਭੂ ਨਾਨਕ ਤੇਰੀ ਟੇਕ ॥ ੧ ॥ ਪਉੜੀ ॥ ਖੇਲਤ ਖੇਲਤ ਆਇਓ ਅਨਿਕ ਜੋਨਿ ਦੁਖ ਪਾਇ ॥ ਖੇਦ ਮਿਟੇ ਸਾਧੂ ਮਿਲਤ ਸਤਿਗੁਰ ਬਚਨ ਸਮਾਇ ॥ ਖਿਮਾ ਗਹੀ ਸਚੁ ਸੰਚਿਓ ਖਾਇਓ ਅੰਮ੍ਰਿਤੁ ਨਾਮ ॥ ਖਰੀ ਕ੍ਰਿਪਾ ਠਾਕੁਰ ਭਈ ਅਨਦ ਸੂਖ ਬਿਸ੍ਰਾਮ ॥ ਖੇਪ ਨਿਬਾਹੀ ਬਹੁਤੁ ਲਾਭ ਘਰਿ ਆਏ ਪਤਿਵੰਤ ॥ ਖਰਾ ਦਿਲਾਸਾ ਗੁਰਿ ਦੀਆ

ਆਇ ਮਿਲੇ ਭਗਵੰਤ॥ ਆਪਨ ਕੀਆ ਕਰਹਿ ਆਪਿ ਆਗੈ ਪਾਛੈ ਆਪਿ॥
ਨਾਨਕ ਸੋਊ ਸਰਾਹੀਐ ਜਿ ਘਟਿ ਘਟਿ ਰਹਿਆ ਬਿਆਪਿ॥ ੫੩॥ ਸਲੋਕੁ॥
ਆਏ ਪ੍ਰਭ ਸਰਨਾਗਤੀ ਕਿਰਪਾ ਨਿਧਿ ਦਇਆਲ॥ ਏਕ ਅਖਰੁ ਹਰਿ ਮਨਿ
ਬਸਤ ਨਾਨਕ ਹੋਤ ਨਿਹਾਲ॥ ੧॥ ਪਉੜੀ॥ ਅਖਰ ਮਹਿ ਤ੍ਰਿਭਵਨ ਪ੍ਰਭਿ
ਧਾਰੇ॥ ਅਖਰ ਕਰਿ ਕਰਿ ਬੇਦ ਬੀਚਾਰੇ॥ ਅਖਰ ਸਾਸਤ੍ਰ ਸਿੰਮ੍ਰਿਤਿ ਪੁਰਾਨਾ॥
ਅਖਰ ਨਾਦ ਕਥਨ ਵਖੵਾਨਾ॥ ਅਖਰ ਮੁਕਤਿ ਜੁਗਤਿ ਭੈ ਭਰਮਾ॥ ਅਖਰ
ਕਰਮ ਕਿਰਤਿ ਸੁਚ ਧਰਮਾ॥ ਦ੍ਰਿਸਟਿਮਾਨ ਅਖਰ ਹੈ ਜੇਤਾ॥ ਨਾਨਕ ਪਾਰਬ੍ਰਹਮ
ਨਿਰਲੇਪਾ॥ ੫੪॥ ਸਲੋਕੁ॥ ਹਥਿ ਕਲੰਮ ਅਗੰਮ ਮਸਤਕਿ ਲਿਖਾਵਤੀ॥
ਉਰਝਿ ਰਹਿਓ ਸਭ ਸੰਗਿ ਅਨੂਪ ਰੂਪਾਵਤੀ॥ ਉਸਤਤਿ ਕਹਨੁ ਨ ਜਾਇ
ਮੁਖਹੁ ਤੁਹਾਰੀਆ॥ ਮੋਹੀ ਦੇਖਿ ਦਰਸੁ ਨਾਨਕ ਬਲਿਹਾਰੀਆ॥ ੧॥

ਪਉੜੀ ॥ ਹੇ ਅਚੁਤ ਹੇ ਪਾਰਬ੍ਰਹਮ ਅਬਿਨਾਸੀ ਅਘ ਨਾਸ ॥ ਹੇ ਪੂਰਨ ਹੇ ਸਰਬ ਮੈ ਦੁਖ ਭੰਜਨ ਗੁਣਤਾਸ ॥ ਹੇ ਸੰਗੀ ਹੇ ਨਿਰੰਕਾਰ ਹੇ ਨਿਰਗੁਣ ਸਭ ਟੇਕ ॥ ਹੇ ਗੋਬਿਦ ਹੇ ਗੁਣ ਨਿਧਾਨ ਜਾ ਕੈ ਸਦਾ ਬਿਬੇਕ ॥ ਹੇ ਅਪਰੰਪਰ ਹਰਿ ਹਰੇ ਹਹਿ ਭੀ ਹੋਵਨਹਾਰ ॥ ਹੇ ਸੰਤਹ ਕੈ ਸਦਾ ਸੰਗਿ ਨਿਧਾਰਾ ਆਧਾਰ ॥ ਹੇ ਠਾਕੁਰ ਹਉ ਦਾਸਰੋ ਮੈ ਨਿਰਗੁਨ ਗੁਨੁ ਨਹੀ ਕੋਇ ॥ ਨਾਨਕ ਦੀਜੈ ਨਾਮ ਦਾਨੁ ਰਾਖਉ ਹੀਐ ਪਰੋਇ ॥ ੫੫ ॥ ਸਲੋਕੁ ॥ ਗੁਰਦੇਵ ਮਾਤਾ ਗੁਰਦੇਵ ਪਿਤਾ ਗੁਰਦੇਵ ਸੁਆਮੀ ਪਰਮੇਸੁਰਾ ॥ ਗੁਰਦੇਵ ਸਖਾ ਅਗਿਆਨ ਭੰਜਨੁ ਗੁਰਦੇਵ ਬੰਧਿਪ ਸਹੋਦਰਾ ॥ ਗੁਰਦੇਵ ਦਾਤਾ ਹਰਿ ਨਾਮੁ ਉਪਦੇਸੈ ਗੁਰਦੇਵ ਮੰਤੁ ਨਿਰੋਧਰਾ ॥ ਗੁਰਦੇਵ ਸਾਂਤਿ ਸਤਿ ਬੁਧਿ ਮੂਰਤਿ ਗੁਰਦੇਵ ਪਾਰਸ ਪਰਸ ਪਰਾ ॥ ਗੁਰਦੇਵ ਤੀਰਥੁ ਅੰਮ੍ਰਿਤ ਸਰੋਵਰੁ ਗੁਰ ਗਿਆਨ ਮਜਨੁ ਅਪਰੰਪਰਾ ॥ ਗੁਰਦੇਵ ਕਰਤਾ ਸਭਿ ਪਾਪ ਹਰਤਾ

ਗੁਰਦੇਵ ਪਤਿਤ ਪਵਿਤ ਕਰਾ ॥ ਗੁਰਦੇਵ ਆਦਿ ਜੁਗਾਦਿ ਜੁਗੁ ਜੁਗੁ ਗੁਰਦੇਵ ਮੰਤੁ ਹਰਿ ਜਪਿ ਉਧਰਾ ॥ ਗੁਰਦੇਵ ਸੰਗਤਿ ਪ੍ਰਭ ਮੇਲਿ ਕਰਿ ਕਿਰਪਾ ਹਮ ਮੂੜ ਪਾਪੀ ਜਿਤੁ ਲਗਿ ਤਰਾ ॥ ਗੁਰਦੇਵ ਸਤਿਗੁਰੁ ਪਾਰਬ੍ਰਹਮੁ ਪਰਮੇਸਰੁ ਗੁਰਦੇਵ ਨਾਨਕ ਹਰਿ ਨਮਸਕਰਾ ॥ ੧ ॥ ਏਹੁ ਸਲੋਕੁ ਆਦਿ ਅੰਤਿ ਪੜਣਾ ॥

(੨੫੦-੬੨)